**ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ**

**ਆਧੁਨਿਕ ਖੇਤੀ ਸੰਦਾਂ ਦੀ ਵਰਤੋਂ ਨਾਲ ਪਰਾਲੀ ਦਾ ਨਿਬੇੜਾ ਕਰ ਰਿਹੈ ਕਿਸਾਨ ਸਰਬਜੀਤ ਸਿੰਘ**

**ਜਲਾਲਾਬਾਦ, 21 ਨਵੰਬਰ**



ਜ਼ਿਲ੍ਹਾ ਫਾਜ਼ਿਲਕਾ ਦੀ ਤਹਿਸੀਲ ਜਲਾਲਾਬਾਦ ਅਧੀਨ ਪੈਂਦੇ ਪਿੰਡ ਰੱਤਾ ਖੇੜਾ ਦਾ ਵਸਨੀਕ ਸਰਬਜੀਤ ਸਿੰਘ ਪਿਛਲੇ ਕਈ ਸਾਲਾਂ ਤੋਂ ਖੇਤੀ ਕਰ ਰਿਹਾ ਹੈ। ਸਾਲ 2018 ਤੋਂ ਪਹਿਲਾ ਰੁਝਾਨ ਅਨੁਸਾਰ ਕਿਸਾਨ ਸਰਬਜੀਤ ਸਿੰਘ ਵੀ ਝੋਨੇ ਦੀ ਪਰਾਲੀ ਅਤੇ ਕਣਕ ਦੀ ਨਾੜ ਨੂੰ ਅੱਗ ਲਗਾਉਂਦਾ ਸੀ। ਪਰ ਪਿਛਲੇ 2 ਸਾਲਾਂ ਤੋਂ ਕਿਸਾਨ ਨੇ ਆਪਣੀ ਸੋਚ ਨੂੰ ਬਦਲਦਿਆਂ ਪਰਾਲੀ ਨੂੰ ਅੱਗ ਲਗਾਉਣ ਤੋਂ ਗੁਰੇਜ਼ ਕਰਦਿਆਂ ਇਸ ਦੀ ਸਾਂਭ-ਸੰਭਾਲ ਵੱਲ ਤਵਜੋਂ ਦੇਣੀ ਸ਼ੁਰੂ ਕਰ ਦਿੱਤੀ।

ਅਗਾਂਹਵਧੂ ਕਿਸਾਨ ਸਰਬਜੀਤ ਸਿੰਘ ਕੋਲ ਆਪਣੀ 50 ਏਕੜ ਜਮੀਨ ਹੈ ਜਿਸ ਵਿੱਚ ਉਹ 20 ਏਕੜ ਵਿਚ ਨਰਮੇ ਦੀ ਖੇਤੀ ਕਰਦਾ ਹੈ ਅਤੇ ਬਾਕੀ 30 ਏਕੜ ਜ਼ਮੀਨ ਵਿਚ ਰਵਾਇਤੀ ਫਸਲਾਂ ਕਣਕ ਤੇ ਝੋਨੇ ਦੀ ਖੇਤੀ ਕਰਦਾ ਹੈ। ਕਿਸਾਨ ਦੱਸਦਾ ਹੈ ਕਿ ਪਰਾਲੀ ਨੂੰ ਅੱਗ ਨਾ ਲਗਾਉਣ ਦਾ ਮਨ ਉਸਨੇ ਖੇਤੀਬਾੜ ਵਿਭਾਗ ਵੱਲੋਂ ਲਗਾਏ ਜਾਂਦੇ ਜਾਗਰੂਕਤਾ ਕੈਂਪਾਂ ਤੋਂ ਪ੍ਰਭਾਵਿਤ ਹੋ ਕੇ ਬਣਾਇਆ ਸੀ।

ਸਫਲ ਕਿਸਾਨ ਆਖਦਾ ਹੈ ਕਿ ਸਾਲ 2018 ਵਿੱਚ ਉਸਨੇ ਪਰਾਲੀ ਨੂੰ ਬਿਨਾਂ ਅੱਗ ਲਗਾਏ ਕਣਕ ਦੀ ਬਿਜਾਈ ਹੈਪੀ ਸੀਡਰ ਨਾਲ ਕੀਤੀ ਸੀ ਅਤੇ ਵਧੀਆ ਝਾੜ ਪ੍ਰਾਪਤ ਕੀਤਾ ਸੀ। ਇਸ ਤੋਂ ਇਲਾਵਾ ਸਾਲ 2019 ਵਿਚ ਖੜੀ ਪਰਾਲੀ ਵਿਚ ਮਲਚਰ ਮਾਰ ਕੇ ਫਿਰ ਪਲੋਅ ਦੀ ਵਰਤੋਂ ਕਰਕੇ ਆਮ ਡਰਿਲ ਨਾਲ ਕਣਕ ਦੀ ਬਿਜਾਈ ਕੀਤੀ।ਹੁਣ ਇਸ ਵਾਰ 30 ਏਕੜ ਵਿਚ ਤਵੀਆਂ ਮਾਰ ਕੇ ਬਿਨਾਂ ਅੱਗ ਲਗਾ ਕੇ ਸੁਪਰ ਸੀਡਰ ਦੀ ਮਦਦ ਨਾਲ ਬਿਜਾਈ ਕੀਤੀ ਹੈ।ਉਸਨੇ ਦੱਸਿਆ ਕਿ ਸੁਪਰ ਸੀਡਰ ਪਿੰਡ ਵਿਖੇ ਸਥਿਤ ਸੁਸਾਇਟੀ ਤੋਂ ਕਿਰਾਏ `ਤੇ ਲਿਆ ਗਿਆ ਸੀ। ਉਸਨੇ ਦੱਸਿਆ ਕਿ ਪਿਛਲੇ 2 ਸਾਲਾਂ ਤੋਂ ਪਰਾਲੀ ਨੂੰ ਅੱਗ ਨਾ ਲਗਾ ਕੇ ਉਸਨੇ ਵਾਤਾਵਰਣ ਦੀ ਸ਼ੁਧਤਾ ਨੂੰ ਬਰਕਰਾਰ ਰੱਖਣ `ਚ ਵਢਮੁਲਾ ਯੋਗਦਾਨ ਪਾਇਆ ਹੈ।

ਕਿਸਾਨ ਨੇ ਦੱਸਿਆ ਕਿ ਖੇਤੀਬਾੜੀ ਵਿਭਾਗ ਵੱਲੋਂ ਸਬਸਿਡੀ `ਤੇ ਮੁਹੱਈਆ ਕਰਵਾਏ ਜਾਂਦੇ ਆਧੁਨਿਕ ਖੇਤੀ ਸੰਦਾਂ ਰਾਹੀਂ ਪਰਾਲੀ ਨੂੰ ਬਿਨਾਂ ਅੱਗ ਲਗਾਏ ਫਸਲਾਂ ਦੀ ਬਿਜਾਈ ਕੀਤੀ ਜਾਵੇ ਤਾਂ ਫਸਲ ਦਾ ਝਾੜ ਤਾਂ ਵੱਧ ਪ੍ਰਾਪਤ ਹੁੰਦਾ ਹੀ ਹੈ ਬਲਕਿ ਜਮੀਨ ਦੀ ਉਪਜਾਊ ਸ਼ਕਤੀ ਵੀ ਬਣੀ ਰਹਿੰਦੀ ਹੈ। ਅਗਾਂਹਵਧੂ ਸੋਚ ਦੇ ਮਾਲਕ ਨੇ ਹੋਰਨਾਂ ਕਿਸਾਨਾਂ ਨੂੰ ਵੀ ਅਪੀਲ ਕੀਤੀ ਹੈ ਕਿ ਪਰਾਲੀ ਨੂੰ ਅੱਗ ਨਾ ਲਗਾ ਕੇ ਵਾਤਾਵਰਣ ਅਤੇ ਆਪਣੇ ਆਲੇ-ਦੁਆਲੇ ਨੂੰ ਬਿਮਾਰੀਆਂ ਮੁਕਤ ਰੱਖ ਸਕੀਏ।

**ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ**

**ਸਵੱਛ ਭਾਰਤ ਅਭਿਆਨ ਤਹਿਤ ਨਗਰ ਕੌਂਸਲ ਜਲਾਲਾਬਾਦ ਵੱਲੋਂ ਕੀਤੀਆਂ ਜਾ ਰਹੀਆਂ ਹਨ ਗਤੀਵਿਧੀਆਂ**

**ਸ਼ਹਿਰ ਦੀ ਦਿਖ ਨੂੰ ਸੁਧਾਰਨ ਲਈ ਸਾਫ-ਸਫਾਈ ਜ਼ਰੂਰੀ-ਨਰਿੰਦਰ ਕੁਮਾਰ**

**ਜਲਾਲਾਬਾਦ 21 ਨਵੰਬਰ**

ਸਾਫ-ਸਫਾਈ ਦੀ ਮਹੱਤਤਾ ਨੂੰ ਵੇਖਦਿਆਂ ਹੋਇਆ ਪੂਰੇ ਦੇਸ਼ ਅੰਦਰ ਸਵੱਛ ਭਾਰਤ ਅਭਿਆਨ ਚਲਾਇਆ ਜਾ ਰਿਹਾ ਹੈ।ਇਸ ਅਭਿਆਨ ਤਹਿਤ ਫਾਜ਼ਿਲਕਾ ਜ਼ਿਲ੍ਹੇ ਦੇ ਉਪਮੰਡਲ ਜਲਾਲਾਬਾਦ ਵਿਖੇ ਵੀ ਨਗਰ ਕੌਂਸਲ ਵੱਲੋਂ ਜ਼ੋਰਾਂ-ਸ਼ੋਰਾਂ ਨਾਲ ਗਤੀਵਿਧੀਆਂ ਆਰੰਭੀਆਂ ਜਾ ਰਹੀਆਂ ਹਨ। ਜਲਾਲਾਬਾਦ ਦੇ ਐਸ ਡੀ ਐਮ ਸ. ਸੂਬਾ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਨਗਰ ਕੌਂਸਲ ਦੇ ਕਾਰਜ ਸਾਧਕ ਅਫਸਰ ਸ੍ਰੀ ਨਰਿੰਦਰ ਕੁਮਾਰ ਵੱਲੋਂ ਸਵੱਛਤਾ ਰੈਂਕਿੰਗ `ਚ ਅੱਗੇ ਆਉਣ ਲਈ ਕਾਰਵਾਈਆਂ ਕਰਦਿਆਂ ਟੀਮਾਂ ਦਾ ਗਠਨ ਕੀਤਾ ਗਿਆ ਹੈ।

ਉਨ੍ਹਾਂ ਕਿਹਾ ਕਿ ਸ਼ਹਿਰ ਦੀ ਦਿਖ ਨੂੰ ਸੁਧਾਰਨ ਤੇ ਗੰਦਗੀ ਮੁਕਤ ਬਣਾਉਣ ਲਈ ਟੀਮਾਂ ਦਾ ਅਹਿਮ ਰੋਲ ਹੁੰਦਾ ਹੈ। ਉਨ੍ਹਾਂ ਦੱਸਿਆ ਕਿ ਟੀਮਾਂ ਵਿੱਚ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ ਸ਼ਾਮਲ ਕੀਤਾ ਗਿਆ ਹੈ ਤਾਂ ਜੋ ਸਬੰਧਤ ਅਧਿਕਾਰੀਆਂ ਵੱਲੋਂ ਤਨਦੇਹੀ ਨਾਲ ਇਸ ਅਭਿਆਨ ਤਹਿਤ ਕੰਮ ਮੁਕੰਮਲ ਕੀਤੇ ਜਾ ਸਕਣ।

ਨਗਰ ਕੌਂਸਲ ਜਲਾਲਾਬਾਦ ਦੇ ਸੈਨੇਟਰੀ ਇੰਸਪੈਕਟਰ ਸ੍ਰੀ ਜਗਦੀਪ ਅਰੋੜਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਗਠਿਤ ਕੀਤੀਆਂ ਗਈਆਂ ਟੀਮਾਂ ਵੱਲੋਂ ਅਲੱਗ ਅਲੱਗ ਏਰੀਆ ਦੇ ਸਕੂਲਾਂ, ਮੁਹੱਲਾ ਐਸੋਸੀਏਸ਼ਨਾਂ, ਸਰਕਾਰੀ ਅਦਾਰਿਆਂ, ਹਸਪਤਾਲਾਂ ਆਦਿ ਦੀ ਚੈਕਿੰਗ ਕੀਤੀ ਗਈ। ਇਸ ਚੈਕਿੰਗ ਦੇ ਅੰਤਰਗਤ ਕਮਰੇ, ਵਾਸ਼ਰੂਮ ਲਾਇਬ੍ਰੇਰੀਆਂ, ਕੰਪੋਸਟ ਆਦਿ ਦੀ ਚੈਕਿੰਗ ਕੀਤੀ ਗਈ।

ਉਨ੍ਹਾਂ ਦੱਸਿਆ ਕਿ ਟੀਮਾਂ ਵੱਲੋਂ ਜਾਂਚ ਦੌਰਾਨ ਕਮਰਿਆਂ ਦੀ ਸਫਾਈ ਵੱਲ ਪੂਰਾ ਧਿਆਨ ਦਿੱਤਾ ਗਿਆ, ਖਾਸ ਕਰਕੇ ਇਹ ਜਾਂਚ ਕੀਤੀ ਗਈ ਕਿ ਵਾਸਰੂਮ ਸਾਫ਼ ਹਨ ਜਾ ਨਹੀ, ਕੂੜੇ ਦਾ ਨਿਪਟਾਰਾ ਸਹੀ ਢੰਗ ਨਾਲ ਹੋ ਰਿਹਾ ਹੈ ਜਾਂ ਨਹੀਂ। ਉਨ੍ਹਾਂ ਦੱਸਿਆ ਕਿ ਚੈਕਿੰਗ ਦੌਰਾਨ ਪਾਈਆਂ ਖਾਮੀਆਂ ਸਬੰਧੀ ਟੀਮਾਂ ਵੱਲੋਂ ਸਕੂਲਾਂ ਅਤੇ ਸਰਕਾਰੀ ਅਦਾਰਿਆਂ ਦੇ ਮੁਖੀਆਂ ਨੂੰ ਜਾਣੂ ਕਰਵਾਇਆ ਗਿਆ ਤਾਂ ਜੋ ਹੋਰ ਬਿਹਤਰ ਤਰੀਕੇ ਨਾਲ ਸਾਫ-ਸਫਾਈ ਹੋ ਸਕੇ ਅਤੇ ਬਿਮਾਰੀਆਂ ਤੋਂ ਨਿਜਾਤ ਮਿਲ ਸਕੇ।



**ਸੂਚਨਾ ਤੇ ਜਿਲਾ ਲੋਕ ਸੰਪਰਕ ਦਫਤਰ, ਫਾਜਿਲਕਾ**

**ਕੋਵਿਡ 19 ਦੇ ਬਾਵਜੂਦ ਮਲੇਰੀਆ ਅਤੇ ਡੇਂਗੂ ਦੇ ਬਚਾਅ ਬਾਰੇ ਲੋਕਾਂ ਨੰੂ ਵੱਧ ਤੋਂ ਵੱਧ ਜਾਗਰੂਕ ਕਰ ਰਹੇ ਹਨ ਨਗਰ ਕੌਸਲ ਅਤੇ ਸਿਹਤ ਅਧਿਕਾਰੀ-ਕੇਸ਼ਵ ਗੋਇਲ**

**ਫਾਜ਼ਿਲਕਾ, 21 ਨਵੰਬਰ**

ਡਿਪਟੀ ਕਮਿਸ਼ਨਰ ਸ. ਅਰਵਿੰਦ ਪਾਲ ਸਿੰਘ ਸੰਧੂ ਦੇ ਦਿਸ਼ਾ-ਨਿਰਦੇਸ਼ਾ ਤਹਿਤ ਐਸ.ਡੀ.ਐਮ ਫਾਜ਼ਿਲਕਾ ਸ਼੍ਰੀ ਕੇਸ਼ਵ ਗੋਇਲ ਦੀ ਅਗਵਾਈ ਹੇਠ ਕੋਰੋਨਾ ਵਾਇਰਸ ਸਬੰਧੀ ਜਾਗਰੂਕਤਾ ਦੇ ਨਾਲ ਨਾਲ ਡੇਂਗੂ ਅਤੇ ਮਲੇਰੀਏ ਦੀ ਰੋਕਥਾਮ ਸਬੰਧੀ ਆਮ ਲੋਕਾਂ ਨੂੰ ਜਾਗਰੂਕ ਕਰਨ ਸਿਹਤ ਵਿਭਾਗ ਨਾਲ ਮਿਲ ਕੇ ਰਾਧਾ ਸੁਆਮੀ ਕਲੋਨੀ,ਬਾਰਡਰ ਰੋਡ,ਆਦਰਸ਼ ਨਗਰ ਅਤੇ ਧੋਬੀ ਘਾਟ ਵਿਖੇ ਜਾਗਰੂਕਤਾ ਸੈਮੀਨਾਰ ਲਗਾਇਆ ਗਿਆ।

ਇਸ ਮੌਕੇ ਸਿਹਤ ਵਿਭਾਗ ਦੇ ਬੁਲਾਰੇ ਨੇ ਦੱਸਿਆ ਕਿ ਡੇਂਗੂ ਇੱਕ ਏਡੀਜ ਅਜਿਪਟੀ ਜਾਤੀ ਦੇ ਮੱਛਰ ਦੇ ਕੱਟਣ ਨਾਲ ਹੁੰਦਾ ਹੈ। ਇਹ ਮੱਛਰ ਸਾਫ ਖੜੇ ਪਾਣੀ ਵਿੱਚ ਪੈਦਾ ਹੁੰਦਾ ਹੈ। ਉਹਨਾਂ ਦੱਸਿਆ ਕਿ ਡੇਂਗੂ ਬੁਖਾਰ ਨਾਲ ਤੇਜ ਸਿਰ ਦਰਦ, ਮੱਥਾ ਦਰਦ, ਪਸੀਨਾ ਆਉਣਾ, ਅੱਖਾਂ ਦੇ ਪਿਛਲੇ ਪਾਸੇ ਦਰਦ, ਜੀਅ ਕੱਚਾ ਹੋਣਾ, ਪੱਠਿਆਂ ਵਿੱਚ ਦਰਦ, ਛਾਤੀ ਅਤੇ ਸ਼ਰੀਰ ਦੇ ਉਪਰਲੇ ਅੰਗਾਂ ਵਿੱਚ ਲਾਲ ਧੱਬੇ ਹੋਣੇ ਅਤੇ ਨੱਕ ਅਤੇ ਮੂੰਹ ਵਿੱਚੋ ਖੂਨ ਵੀ ਆ ਸਕਦਾ ਹੈ। ਇਸੇ ਤਰਾਂ ਮਲੇਰੀਆ ਪੈਦਾ ਕਰਨ ਵਾਲਾ ਮੱਛਰ ਛੱਪੜਾਂ ਅਤੇ ਗੰਦੇ ਪਾਣੀ ਵਿੱਚ ਪੈਦਾ ਹੁੰਦਾ ਹੈ।

ਇਸ ਮੌਕੇ ਕਾਰਜ ਸਾਧਕ ਅਫਸਰ ਸ਼੍ਰੀ ਰਜ਼ਨੀਸ਼ ਕੁਮਾਰ ਨੇ ਦੱਸਿਆ ਕਿ ਪੂਰਾ ਸ਼ਰੀਰ ਢੱਕਣ ਵਾਲੇ ਕਪੜੇ ਪਾਉਣੇ ਚਾਹੀਦੇ ਹਨ ਅਤੇ ਰਾਤ ਅਤੇ ਦਿਨ ਵੇਲੇ ਵੀ ਮੱਛਰਦਾਨੀਆਂ ਅਤੇ ਮੱਛਰ ਭਜਾਉਣ ਵਾਲੀਆਂ ਵਸਤਾਂ ਦੀ ਵਰਤੋ ਕਰਨੀ ਚਾਹੀਦੀ ਹੈ। ਉਹਨਾਂ ਕਿਹਾ ਕਿ ਬੁਖਾਰ ਹੋਣ ਦੀ ਸ਼ਿਕਾਇਤ ਤੇ ਨਜਦੀਕੀ ਸਿਹਤ ਕੇਦਰ ਅਤੇ ਸਿਵਲ ਹਸਪਤਾਲ ਵਿਖੇ ਮਾਹਿਰ ਡਾਕਟਰਾਂ ਨਾਲ ਸੰਪਰਕ ਕਰਨਾ ਚਾਹੀਦਾ ਹੈ।



**ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਫਾਜ਼ਿਲਕਾ**

**ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਵੱਲੋਂ ਪੰਜਾਬ ਭਰ ਵਿਚ 107 ਤੰਦਰੁਸਤ ਪੰਜਾਬ ਸਿਹਤ ਕੇਂਦਰ ਦਾ ਉਦਘਾਟਨ**

**ਸਿਹਤ ਸਹੂਲਤਾਂ ਮੁਹਈਆ ਕਰਵਾਉਣ ਵਿਚ ਪੰਜਾਬ ਦੇਸ਼ ਵਿਚੋਂ ਮੋਹਰੀ**

**ਕੋਵਿਡ ਦੌਰਾਨ ਨਿਭਾਈ ਭੂਮਿਕਾ ਲਈ ਮੁੱਖ ਮੰਤਰੀ ਨੇ ਸਾਰੇ ਡਾਕਟਰਾਂ ਅਤੇ ਪੈਰਾਮੈਡੀਕਲ ਸਟਾਫ ਦੀ ਕੀਤੀ ਹੌਂਸਲਾਂ ਅਫਜਾਈ**

**ਫਾਜ਼ਿਲਕਾ ਜ਼ਿਲੇ ਵਿਚ ਚੱਲ ਰਹੇ ਹਨ 76 ਤੰਦਰੁਸਤ ਪੰਜਾਬ ਸਿਹਤ ਕੇਂਦਰ ਡਿਪਟੀ ਕਮਿਸ਼ਨਰ**

**ਫਾਜ਼ਿਲਕਾ, 21 ਨਵੰਬਰ:**

ਪੰਜਾਬ ਦੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨੇ ਅੱਜ ਚੰਡੀਗੜ ਤੋਂ ਇਕ ਆਨਲਾਈਨ ਸਮਾਗਮ ਦੌਰਾਨ ਸੂਬੇ ਭਰ ਵਿਚ 107 ਤੰਦਰੁਸਤ ਪੰਜਾਬ ਸਿਹਤ ਕੇਂਦਰਾਂ ਦਾ ਉਦਘਾਟਨ ਕੀਤਾ। ਇਸ ਮੌਕੇ ਉਨਾਂ ਨੇ ਕੋਵਿਡ ਦੌਰਾਨ ਸਲਾਘਾਯੋਗ ਭੂਮਿਕਾ ਨਿਭਾਉਣ ਵਾਲੇ ਮੈਡੀਕਲ ਸਟਾਫ ਅਤੇ ਪੈਰਾ ਮੈਡੀਕਲ ਸਟਾਫ ਦੀ ਹੌਂਸਲਾਂ ਅਫਜਾਈ ਕਰਦਿਆਂ ਕਿਹਾ ਕਿ ਇੰਨਾਂ ਯੋਧਿਆ ਨਾਲ ਹੀ ਅਸੀਂ ਇਸ ਬਿਮਾਰੀ ਤੇ ਕਾਬੂ ਪਾਉਣ ਵਿਚ ਸਫਲ ਹੋਏ ਹਾਂ। ਇਸ ਮੌਕੇ ਉਨਾਂ ਨੇ ਕੋਵਿਡ ਦੇ ਵਰਤਮਾਨ ਰੁਝਾਨ ਦੇ ਮੱਦੇਨਜਰ ਸੂਬਾ ਵਾਸੀਆਂ ਨੂੰ ਵਧੇਰੇ ਸਾਵਧਾਨ ਰਹਿਣ ਦੀ ਅਪੀਲ ਕਰਦਿਆਂ ਮਿਸ਼ਨ ਫਤਿਹ ਤਹਿਤ 'ਮਾਸਕ ਹੀ ਵੈਕਸੀਨ ਹੈ' ਦਾ ਨਾਅਰਾ ਦਿੱਤਾ ਜੋ ਇਸ ਲੜਾਈ ਵਿਚ ਸਾਡਾ ਸਹਾਇਕ ਸਿੱਧ ਹੋ ਸਕਦਾ ਹੈ।

ਇਸ ਮੌਕੇ ਮੁੱਖ ਮੰਤਰੀ ਨੇ ਕਿਹਾ ਕਿ ਇਹ ਸਿਹਤ ਕੇਂਦਰ ਲੋਕਾਂ ਨੂੰ ਉਨਾਂ ਦੇ ਘਰਾਂ ਦੇ ਨਜਦੀਕ ਹੀ ਮੁੱਢਲੀਆਂ ਸਿਹਤ ਸੇਵਾਵਾਂ ਦੇਣਗੇ। ਉਨਾਂ ਨੇ ਦੱਸਿਆ ਕਿ ਇੰਨਾਂ ਸਿਹਤ ਕੇਂਦਰਾਂ ਵਿਚ 27 ਪ੍ਰਕਾਰ ਦੀਆਂ ਦਵਾਈਆਂ ਅਤੇ 6 ਪ੍ਰਕਾਰ ਦੇ ਮੈਡੀਕਲ ਟੈਸਟ ਬਿਲਕੁਲ ਮੁਫ਼ਤ ਕੀਤੇ ਜਾਂਦੇ ਹਨ। ਉਨਾਂ ਨੇ ਕਿਹਾ ਕਿ ਕੇਂਦਰ ਸਰਕਾਰ ਨੇ ਵੀ ਮੰਨਿਆਂ ਹੈ ਕਿ ਪੰਜਾਬ ਸਿਹਤ ਸਹੂਲਤਾਂ ਮੁਹਈਆਂ ਕਰਵਾਉਣ ਵਿਚ ਮੋਹਰੀ ਸੂਬਾ ਹੈ। ਉਨਾਂ ਨੇ ਕਿਹਾ ਕਿ ਰਾਜ ਵਿਚ 3049 ਕੇਂਦਰ ਸਥਾਪਿਤ ਕੀਤੇ ਜਾਣ ਦਾ ਟੀਚਾ ਹੈ ਜਿਸ ਵਿਚੋਂ 2046 ਸਥਾਪਿਤ ਕੀਤੇ ਜਾ ਚੁੱਕੇ ਹਨ। ਜਦ ਕਿ 800 ਹੋਰ ਅਗਲੇ ਦੋ ਮਹੀਨੇ ਵਿਚ ਸ਼ੁਰੂ ਕਰ ਦਿੱਤੇ ਜਾਣਗੇ।

ਕੋਵਿਡ ਦਾ ਜਿਕਰ ਕਰਦਿਆਂ ਮੁੱਖ ਮੰਤਰੀ ਨੇ ਦੱਸਿਆ ਕਿ ਰਾਜ ਸਰਕਾਰ ਨੇ ਪੀਪੀਈ ਕਿੱਟਾਂ, 95 ਐਨ ਮਾਸਕ ਅਤੇ ਹੋਰ ਡਾਕਟਰੀ ਸਾਜੋ ਸਮਾਨ ਤੇ ਰਾਜ ਵਿਚ 184.95 ਕਰੋੜ ਰੁਪਏ ਖਰਚ ਕੀਤੇ ਹਨ ਜਦ ਕਿ 5.57 ਕਰੋੜ ਦੀਆਂ ਦਵਾਈਆਂ ਮੁਹਈਆ ਕਰਵਾਈਆਂ ਗਈਆਂ ਹਨ। ਇਸ ਮੌਕੇ ਮੁੱਖ ਮੰਤਰੀ ਨੇ ਸਿਹਤ ਬੀਮਾ ਯੋਜਨਾ, ਬਾਲ ਸਵਾਸਥਯ ਕਾਰਯਕ੍ਰਮ, ਹੈਪੇਟਾਈਟਸ ਅਤੇ ਕੈਂਸਰ ਦੇ ਇਲਾਜ ਦੀ ਸਹੂਲਤ ਅਤੇ ਨਸ਼ਾ ਮੁਕਤ ਪੰਜਾਬ ਦੀ ਸਿਰਜਣਾ ਲਈ ਸਿਹਤ ਵਿਭਾਗ ਦੇ ਕੰਮਾਂ ਬਾਰੇ ਵੀ ਜਾਣਕਾਰੀ ਦਿੱਤੀ। ਇਸ ਮੌਕੇ ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਸ: ਬਲਬੀਰ ਸਿੰਘ ਸਿੱਧੂ ਨੇ ਕਿਹਾ ਕਿ ਇੰਨਾਂ ਸਿਹਤ ਕੇਂਦਰਾਂ ਵਿਚ ਮਾਰਚ 2019 ਤੋਂ ਹੁਣ ਤੱਕ 55 ਲੱਖ ਲੋਕਾਂ ਨੇ ਇਲਾਜ ਕਰਵਾਇਆ ਹੈ।

ਇਸ ਮੌਕੇ ਮੁੱਖ ਸਕੱਤਰ ਸ੍ਰੀਮਤੀ ਵਿਨੀ ਮਹਾਜਨ, ਸਕੱਤਰ ਸਿਹਤ ਵਿਭਾਗ ਸ੍ਰੀ ਹੁਸਨ ਲਾਲ ਨੇ ਵੀ ਸੰਬੋਧਨ ਕੀਤਾ। ਇਸ ਤੋਂ ਬਿਨਾਂ ਵੱਖ ਵੱਖ ਜ਼ਿਲਿਆਂ ਤੋਂ ਡਾਕਟਰਾਂ ਅਤੇ ਸਿਹਤ ਕਰਮੀਆਂ ਨੇ ਵੀ ਆਨਲਾਈਨ ਮੁੱਖ ਮੰਤਰੀ ਨਾਲ ਗੱਲਬਾਤ ਕੀਤੀ।

ਇਸ ਮੌਕੇ ਜ਼ਿਲਾ ਸਦਰ ਮੁਕਾਮ ਤੋਂ ਸਮਾਗਮ ਵਿਚ ਸ਼ਿਰਕਤ ਕਰਦਿਆਂ ਜ਼ਿਲੇ ਦੇ ਡਿਪਟੀ ਕਮਿਸ਼ਨਰ ਸ: ਅਰਵਿੰਦ ਪਾਲ ਸਿੰਘ ਸੰਧੂ ਨੇ ਦੱਸਿਆ ਕਿ ਫਾਜ਼ਿਲਕਾ ਜ਼ਿਲੇ ਵਿਚ ਪੰਜਾਬ ਸਰਕਾਰ ਵੱਲੋਂ ਜਿੱਥੇ ਜ਼ਿਲਾ ਪੱਧਰੀ ਹਸਪਤਾਲ ਬਣਾਇਆ ਜਾ ਰਿਹਾ ਹੈ ਉਥੇ ਹੀ ਜ਼ਿਲੇ ਵਿਚ 76 ਤੰਦਰੁਸਤ ਪੰਜਾਬ ਸਿਹਤ ਕੇਂਦਰ ਸਫਲਤਾ ਨਾਲ ਚੱਲ ਰਹੇ ਹਨ।

ਇਸ ਮੌਕੇ ਹਾਉਸਫੈਡ ਦੇ ਚੇਅਰਮੈਨ ਸ: ਸੁਖਵੰਤ ਸਿੰਘ ਬਰਾੜ, ਐਸ.ਡੀ.ਐਮ. ਸ੍ਰੀ ਕੇਸਵ ਗੋਇਲ, ਸਿਵਲ ਸਰਜਨ ਡਾ: ਕੁੰਦਨ ਕੇ ਪਾਲ, ਡਾ: ਚੰਦਰ ਮੋਹਨ ਕਟਾਰੀਆ, ਸ੍ਰੀ ਅਨਿਲ ਧਾਮੂ ਜ਼ਿਲਾ ਮਾਸ ਮੀਡੀਆ ਅਫ਼ਸਰ ਆਦਿ ਵੀ ਹਾਜਰ ਸਨ।




**ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਫਾਜ਼ਿਲਕਾ**

**ਡੇਂਗੂ ਖਿਲਾਫ ਲੜਾਈ ਵਿਚ ਆਖਰੀ ਹੱਲਾਂ ਬੋਲਿਆ ਜਾਵੇ ਡਿਪਟੀ ਕਮਿਸ਼ਨਰ**

**ਨਗਰ ਪਾਲਿਕਾ ਦਾ ਦੌਰਾ ਕਰਕੇ ਸ਼ਹਿਰ ਦੇ ਵਿਕਾਸ, ਸਫਾਈ ਅਤੇ ਡੇਂਗੂ ਰੋਕਥਾਮ ਲਈ ਕੀਤੇ ਪ੍ਰਬੰਧਾਂ ਦਾ ਜਾਇਜਾ ਲਿਆ**

**ਫਾਜ਼ਿਲਕਾ, 21 ਨਵੰਬਰ:**

ਡਿਪਟੀ ਕਮਿਸ਼ਨਰ ਸ: ਅਰਵਿੰਦ ਪਾਲ ਸਿੰਘ ਸੰਧੂ ਨੇ ਅੱਜ ਨਗਰ ਪਾਲਿਕਾ ਫਾਜ਼ਿਲਕਾ ਦਾ ਦੌਰਾ ਕਰਕੇ ਇੱਥੇ ਨਗਰ ਪਾਲਿਕਾ ਦੇ ਸਟਾਫ ਅਤੇ ਸ਼ਹਿਰ ਦੇ ਪਤਵੰਤਿਆਂ ਨਾਲ ਇਕ ਬੈਠਕ ਕਰਕੇ ਸ਼ਹਿਰ ਦੇ ਵਿਕਾਸ, ਸਫਾਈ ਵਿਵਸਥਾ ਅਤੇ ਡੇਂਗੂ ਰੋਕਥਾਮ ਲਈ ਕੀਤੇ ਜਾ ਰਹੇ ਉਪਰਾਲਿਆਂ ਸਬੰਧੀ ਚਰਚਾ ਕੀਤੀ। ਇਸ ਮੌਕੇ ਉਨਾਂ ਨੇ ਸਿਹਤ ਵਿਭਾਗ ਅਤੇ ਨਗਰ ਪਾਲਿਕਾ ਨੂੰ ਹਦਾਇਤ ਕੀਤੀ ਕਿ ਡੇਂਗੂ ਖਿਲਾਫ ਇਕ ਆਖਰੀ ਹੱਲਾ ਬੋਲ ਕੇ ਇਸ ਬਿਮਾਰੀ ਨੂੰ ਸ਼ਹਿਰ ਵਿਚੋਂ ਖਤਮ ਕੀਤਾ ਜਾਵੇ। ਉਨਾਂ ਨੇ ਇਸ ਲਈ ਸ਼ਹਿਰ ਵਿਚ ਮੱਛਰ ਮਾਰ ਦਵਾਈ ਦਾ ਛਿੜਕਾਅ ਕਰਨ ਦੇ ਨਾਲ ਨਾਲ ਜਨ ਜਾਗਰੂਕਤਾ ਗਤੀਵਿਧੀਆਂ ਵੀ ਹੋਰ ਤੇਜ ਕਰਨ ਦੀ ਹਦਾਇਤ ਕੀਤੀ। ਉਨਾਂ ਨੇ ਸ਼ਹਿਰ ਵਾਸੀਆਂ ਨੂੰ ਵੀ ਸਹਿਯੋਗ ਦੀ ਅਪੀਲ ਕੀਤੀ।

ਡਿਪਟੀ ਕਮਿਸ਼ਨਰ ਨੇ ਇਸ ਮੌਕੇ ਕਿਹਾ ਕਿ ਡੇਂਗੂ ਅਤੇ ਕੋਵਿਡ ਨੂੰ ਰੋਕਣ ਲਈ ਲੋਕ ਸਿਹਤ ਵਿਭਾਗ ਵੱਲੋਂ ਦਿੱਤੀਆਂ ਸਲਾਹਾਂ ਦਾ

ਪਾਲਣ ਕਰਨ। ਉਨਾਂ ਨੇ ਕਿਹਾ ਕਿ ਆਉਣ ਵਾਲਾ ਸਮਾਂ ਕੋਵਿਡ ਤੋਂ ਪੱਖ ਤੋਂ ਬਹੁਤ ਹੀ ਸੰਵੇਦਨਸ਼ੀਲ ਹੈ। ਇਸ ਲਈ ਸਾਵਧਾਨੀਆਂ ਰੱਖਣ ਵਿਚ ਕੋਈ ਢਿੱਲ ਨਾ ਵਰਤੀ ਜਾਵੇ। ਉਨਾਂ ਨੇ ਲੋਕਾਂ ਨੂੰ ਮਾਸਕ ਪਾਉਣ, ਭੀੜਭਾੜ ਤੋਂ ਦੂਰ ਰਹਿਣ ਦੀ ਸਲਾਹ ਦਿੱਤੀ। ਉਨਾਂ ਨੇ ਕਿਹਾ ਕਿ ਜਿਸ ਕਿਸੇ ਨੂੰ ਵੀ ਸੱਕ ਹੋਵੇ ਉਹ ਕਰੋਨਾ ਦਾ ਟੈਸਟ ਜਰੂਰ ਕਰਵਾਏ। ਸਰਕਾਰੀ ਹਸਪਤਾਲਾਂ ਵਿਚ ਇਹ ਟੈਸਟ ਬਿਲਕੁਲ ਮੁਫ਼ਤ ਹੁੰਦਾ ਹੈ।

ਡਿਪਟੀ ਕਮਿਸ਼ਨਰ ਨੇ ਮਿਸ਼ਨ ਫਤਿਹ ਤਹਿਤ ਲੋਕਾਂ ਨੂੰ ਅਪੀਲ ਕੀਤੀ ਕਿ ਜਦ ਤੱਕ ਵੈਕਸੀਨ ਨਹੀਂ ਆ ਜਾਂਦੀ ਤਦ ਤੱਕ 'ਮਾਸਕ ਹੀ ਵੈਕਸੀਨ ਹੈ', ਮੰਤਰ ਦੀ ਪਾਲਣਾ ਕੀਤੀ ਜਾਵੇ।

ਇਸ ਮੌਕੇ ਐਸ.ਡੀ.ਐਮ. ਸ੍ਰੀ ਕੇਸਵ ਗੋਇਲ ਨੇ ਸ਼ਹਿਰ ਵਿਚ ਕੀਤੀਆਂ ਜਾ ਰਹੀਆਂ ਜਨ ਜਾਗਰੂਕਤਾ ਗਤੀਵਿਧੀਆਂ ਸਬੰਧੀ ਜਾਣਕਾਰੀ ਦਿੱਤੀ। ਕਾਰਜ ਸਾਧਕ ਅਫ਼ਸਰ ਸ੍ਰੀ ਰਜਨੀਸ਼ ਕੁਮਾਰ ਨੇ ਇਸ ਮੌਕੇ ਨਗਰ ਕੌਂਸਲ ਵੱਲੋਂ ਸਫਾਈ ਵਿਵਸਥਾ, ਫੋਗਿੰਗ, ਸੁੱਕੇ ਗਿੱਲੇ ਕੂੜੇ ਦੇ ਪ੍ਰਬੰਧਨ, ਕੂੜੇ ਤੋਂ ਤਿਆਰ ਕੀਤੀ ਜਾ ਰਹੀ ਖਾਦ ਆਦਿ ਪ੍ਰੋਜੈਕਟਾਂ ਸਬੰਧੀ ਜਾਣਕਾਰੀ ਦਿੱਤੀ। ਸਿਹਤ ਵਿਭਾਗ ਵੱਲੋਂ ਦੱਸਿਆ ਗਿਆ ਕਿ ਜੇਕਰ ਕਿਸੇ ਨੂੰ ਡੇਂਗੂ ਦਾ ਸ਼ੱਕ ਹੋਵੇ ਤਾਂ ਸਿਵਲ ਹਸਪਤਾਲ ਫਾਜ਼ਿਲਕਾ ਦੇ 21 ਨੰਬਰ ਕਮਰੇ ਵਿਚ ਬਣੀ ਲੈਬ ਤੋਂ ਮੁਫ਼ਤ ਟੈਸਟ ਕਰਵਾਇਆ ਜਾ ਸਕਦਾ ਹੈ। ਇਸ ਮੌਕੇ ਸ੍ਰੀ ਸੁਰਿੰਦਰ ਕਾਲੜਾ ਨੇ ਸ਼ਹਿਰ ਵਾਸੀਆਂ ਵੱਲੋਂ ਪ੍ਰਸ਼ਾਸਨ ਨੂੰ ਪੂਰੇ ਸਹਿਯੋਗ ਦਾ ਭਰੋਸਾ ਦਿੱਤਾ ਗਿਆ।

